ਵਿਦੇਸ਼ ਸਕੱਤਰ ਦੀ ਨੇਪਾਲ ਫੇਰੀ

ਵਿਦੇਸ਼ ਸਕੱਤਰ ਸ਼੍ਰੀ ਵਿਕਰਮ ਮਿਸਰੀ ਆਪਸੀ ਹਿੱਤਾਂ ਦੇ ਦੁਵੱਲੇ, ਖੇਤਰੀ ਅਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਚਰਚਾ ਕਰਨ ਲਈ 04 ਤੋਂ 05 ਨਵੰਬਰ 2026 ਤੱਕ ਨੇਪਾਲ ਦੀ ਅਧਿਕਾਰਤ ਯਾਤਰਾ ਕਰਨਗੇ।

2. ਭਾਰਤ ਅਤੇ ਨੇਪਾਲ ਦਰਮਿਆਨ ਮਜ਼ਬੂਤ ਅਤੇ ਦੋਸਤਾਨਾ ਸਬੰਧ ਹਨ, ਜਿਨ੍ਹਾਂ ਨੇ ਸਹਿਯੋਗ ਦੇ ਵੱਖ-ਵੱਖ ਖੇਤਰਾਂ ਵਿੱਚ ਕਾਫ਼ੀ ਤਰੱਕੀ ਕੀਤੀ ਹੈ। ਵਿਦੇਸ਼ ਸਕੱਤਰ ਦੀ ਆਉਣ ਵਾਲੀ ਇਹ ਯਾਤਰਾ ਦੋਵਾਂ ਦੇਸ਼ਾਂ ਵਿਚਕਾਰ ਨਿਯਮਤ ਉੱਚ-ਪੱਧਰੀ ਆਦਾਨ-ਪ੍ਰਦਾਨ ਦੀ ਪਰੰਪਰਾ ਨੂੰ ਅੱਗੇ ਵਧਾਉਂਦੀ ਹੈ ਅਤੇ ਇਸ ਨਾਲ ਵਿਆਪਕ ਦੁਵੱਲੀ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਦਦ ਮਿਲੇਗੀ।

ਨਵੀਂ ਦਿੱਲੀ

02 ਨਵੰਬਰ, 2026